ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਮੰਡੀਆਂ ਵਿਚ ਕਣਕ ਲੈ ਕੇ ਆਉਣ ਲਈ ਹੁਣ ਤੱਕ ਜ਼ਿਲ੍ਹੇ ਦੇ 4310 ਕਿਸਾਨਾਂ ਨੂੰ ਜਾਰੀ ਕੀਤੇ ਕਰਫਿਊ ਪਾਸ- ਡਿਪਟੀ ਕਮਿਸ਼ਨਰ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 2419 ਮੀਟ੍ਰਿਕ ਟਨ ਕਣਕ ਦੀ ਆਮਦ ਅਤੇ 1083 ਮੀਟ੍ਰਿਕ ਟਨ ਦੀ ਹੋਈ ਖ਼ਰੀਦ

ਕਣਕ ਦੀ ਖ਼ਰੀਦ ਮੌਕੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਦੀ ਪਾਲਨਾ ਬਣਾਈ ਜਾ ਰਹੀ ਹੈ ਯਕੀਨੀ

ਫਿਰੋਜ਼ਪੁਰ 17 ਅਪ੍ਰੈਲ 2020 ( )

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਕਣਕ ਦੀ ਖ਼ਰੀਦ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਹਨ। ਉਨ੍ਹਾਂ ਦੱਸਿਆ ਕਿ ਕੋਰੋਨਾ ਵਾਇਰਸ ਦੀ ਰੋਕਥਾਮ ਲਈ ਜ਼ਿਲ੍ਹੇ ਦੀਆਂ ਮੰਡੀਆਂ ਨੂੰ ਸੈਨੇਟਾਈਜ ਕੀਤਾ ਜਾ ਰਿਹਾ ਹੈ ਅਤੇ ਲੇਬਰ ਅਤੇ ਕਿਸਾਨਾਂ ਨੂੰ ਮਾਸਕ ਤੇ ਸੈਨੇਟਾਈਜ਼ਰ ਵੰਡੇ ਗਏ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਕਣਕ ਲੈ ਕੇ ਆਉਣ ਲਈ ਜ਼ਿਲ੍ਹੇ ਵਿਚ ਹੁਣ ਤੱਕ 4310 ਕਿਸਾਨਾਂ ਨੂੰ ਕਰਫ਼ਿਊ ਪਾਸ ਜਾਰੀ ਕੀਤੇ ਗਏ ਹਨ ਅਤੇ ਮੰਡੀਆਂ ਵਿਚ ਭੀੜ ਹੋਣ ਤੋਂ ਰੋਕਣ ਲਈ ਕਿਸਾਨਾਂ ਨੂੰ ਮੰਡੀਆਂ ਵਿਚ ਆਉਣ ਲਈ ਵੱਖਰੇ ਵੱਖਰੇ ਦਿਨ ਵੰਡੇ ਗਏ ਹਨ ਅਤੇ ਕਿਸਾਨ ਉਸ ਦੇ ਮੁਤਾਬਿਕ ਹੀ ਮੰਡੀਆਂ ਵਿਚ ਫ਼ਸਲ ਲੈ ਕੇ ਆ ਰਹੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਣਕ ਦੀ ਵਾਢੀ ਤੇ ਖ਼ਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਨਾ ਯਕੀਨੀ ਬਣਾਈ ਜਾ ਰਹੀ ਹੈ। ਸੋਸ਼ਲ ਡਿਸਟੈਂਸਿੰਗ ਨੂੰ ਬਣਾਏ ਰੱਖਣ ਲਈ ਮੰਡਿਆਂ ਵਿਚ ਵੱਖਰੇ ਵੱਖਰੇ ਬਲਾਕ ਤਿਆਰ ਕਰਵਾ ਕੇ ਮਾਰਕਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਪੀਣ ਵਾਲਾ ਪਾਣੀ ਤੇ ਪਖਾਨਿਆਂ ਦੇ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ 16 ਅਪ੍ਰੈਲ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 2419 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਤੇ 1083 ਮੀਟ੍ਰਿਕ ਟਨ ਦੀ ਖ਼ਰੀਦ ਹੋਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 58 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 295, ਪਨਸਪ ਵੱਲੋਂ 50, ਪੰਜਾਬ ਵੇਅਰਹਾਊਸ ਵੱਲੋਂ 628, ਐਫਸੀਆਈ ਵੱਲੋਂ 52 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਖ਼ਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਿਆ ਜਾਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫ਼ਿਰੋਜ਼ਪੁਰ

ਪ੍ਰੈਸ ਨੋਟ 2

ਵਿਧਾਇਕ ਪਿੰਕੀ ਨੇ ਜ਼ਿਲ੍ਹੇ ਵਿੱਚ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਤਿੰਨ ਮਹੀਨੇ ਦੀ ਮੁਫ਼ਤ ਕਣਕ ਵੰਡ ਦੀ ਕੀਤੀ ਸ਼ੁਰੂਆਤ

ਕਿਹਾ, ਪਹਿਲੇ ਦਿਨ ਲਗਭਗ 4 ਹਜ਼ਾਰ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਕਣਕ ਦੀ ਵੰਡ ਕੀਤੀ ਗਈ

ਪੰਜਾਬ ਸਰਕਾਰ ਸੰਕਟ ਦੀ ਇਸ ਘੜੀ ਵਿੱਚ ਗ਼ਰੀਬਾਂ ਅਤੇ ਲੋੜਵੰਦਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ-ਵਿਧਾਇਕ ਪਿੰਕੀ

ਫਿਰੋਜ਼ਪੁਰ 17 ਅਪ੍ਰੈਲ 2020

ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ੍ਰ. ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਕੋਵਿਡ-19 (ਕੋਰੋਨਾ) ਨੂੰ ਮੱਦੇਨਜ਼ਰ ਰੱਖਦਿਆਂ ਲਗਾਏ ਕਰਫ਼ਿਊ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਤਿੰਨ ਮਹੀਨਿਆਂ ਦੀ ਮੁਫ਼ਤ ਕਣਕ ਵੰਡਣ ਦਾ ਫ਼ੈਸਲਾ ਲਿਆ ਗਿਆ ਹੈ, ਜਿਸ ਦੀ ਸ਼ੁਰੂਆਤ ਉਨ੍ਹਾਂ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਬਾਰੇ ਕੇ, ਮਧਰੇ ਤੇ ਵਾਰਡ ਨੰ: 15 ਬੈਕਸਾਈਟ ਮਾਰਕੀਟ ਕਮੇਟੀ ਵਿਖੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਤਿੰਨ ਮਹੀਨੇ ਦੀ ਕਣਕ ਵੰਡ ਕੇ ਕੀਤੀ ਗਈ ਹੈ। ਵਿਧਾਇਕ ਨੇ ਅੱਗੇ ਦੱਸਿਆ ਕਿ ਸ਼ੁੱਕਰਵਾਰ ਦੇ ਦਿਨ ਲਗਭਗ 4 ਹਜ਼ਾਰ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਕਣਕ ਵੰਡੀ ਗਈ ਹੈ, ਕਣਕ ਵੰਡ ਦੌਰਾਨ ਸੋਸ਼ਲ ਡਿਸਟੈਂਸਿੰਗ ਦਾ ਪੂਰਾ ਖ਼ਿਆਲ ਰੱਖਿਆ ਗਿਆ ਹੈ।ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਚੁੱਕਿਆ ਇਹ ਕਦਮ ਬਹੁਤ ਹੀ ਸ਼ਲਾਘਾਯੋਗ ਹੈ, ਪਹਿਲਾਂ ਸਰਕਾਰ ਵੱਲੋਂ 2 ਰੁਪਏ ਕਿੱਲੋ ਦੇ ਹਿਸਾਬ ਨਾਲ ਇਹ ਕਣਕ ਵੰਡੀ ਜਾਂਦੀ ਸੀ, ਜਦਕਿ ਹੁਣ ਕੋਈ ਪੈਸਾ ਨਾ ਲੈ ਕੇ ਇਹ ਕਣਕ ਮੁਫ਼ਤ ਵਿਚ ਵੰਡੀ ਗਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿਚੋਂ ਸਭ ਤੋਂ ਪਹਿਲਾ ਫਿਰੋਜ਼ਪੁਰ ਜ਼ਿਲ੍ਹੇ ਵਿਚ ਇਹ ਕਣਕ ਵੰਡਣ ਦੀ ਸ਼ੁਰੂਆਤ ਹੋਈ ਹੈ।

ਵਿਧਾਇਕ ਪਿੰਕੀ ਨੇ ਕਿਹਾ ਕਿ ਗ਼ਰੀਬ ਵਰਗ ਲਈ ਕਰਫ਼ਿਊ ਵਰਗੀ ਸਥਿਤੀ ਵਿੱਚ ਆਪਣੀ ਦਾਲ, ਰੋਟੀ ਦਾ ਪ੍ਰਬੰਧ ਕਰਨਾ ਬਹੁਤ ਮੁਸ਼ਕਲ ਹੋ ਰਿਹਾ ਹੈ, ਜਿਸ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਇਹ ਕਦਮ ਉਠਾਇਆ ਗਿਆ ਹੈ। ਵਿਧਾਇਕ ਨੇ ਇਸ ਫ਼ੈਸਲੇ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕੋਰੋਨਾ ਵਾਇਰਸ ਦੀ ਮਹਾਂਮਾਰੀ ਕਾਰਨ ਸੰਕਟ ਦੀ ਇਸ ਘੜੀ ਵਿੱਚ ਗ਼ਰੀਬਾਂ ਅਤੇ ਲੋੜਵੰਦਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਅਤੇ ਲੋਕਾਂ ਨੂੰ ਕਿਸੇ ਤਰ੍ਹਾਂ ਕੋਈ ਪਰੇਸ਼ਾਨੀ ਨਹੀਂ ਆ ਰਹੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਹਲਕੇ ਦੇ ਗ਼ਰੀਬ ਤੇ ਜ਼ਰੂਰਤਮੰਦ ਲੋਕਾਂ ਨੂੰ ਰਾਸ਼ਨ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਤੇ ਉਨ੍ਹਾਂ ਦੀ ਹਰ ਜ਼ਰੂਰਤ ਨੂੰ ਪੂਰਾ ਕੀਤਾ ਕੀਤਾ ਜਾਵੇ ਤਾਂ ਕੋਈ ਵੀ ਜ਼ਰੂਰਤਮੰਦ ਵਿਅਕਤੀ ਕਰਫ਼ਿਊ ਦੌਰਾਨ ਭੁੱਖੇ ਪੇਟ ਨਾ ਸੌਵੇਂ। ਇਸ ਤੋਂ ਇਲਾਵਾ ਉਨ੍ਹਾਂ ਸਮੂਹ ਸਮਾਜ ਸੇਵੀ ਸੰਸਥਾਵਾਂ ਦਾ ਧੰਨਵਾਦ ਵੀ ਕੀਤਾ ਜਿਨ੍ਹਾਂ ਵੱਲੋਂ ਜ਼ਰੂਰਤਮੰਦ ਲੋਕਾਂ ਨੂੰ ਲੰਗਰ ਖੁਆਇਆ ਜਾ ਰਿਹਾ ਹੈ ਤੇ ਰਾਸ਼ਨ ਵੀ ਵੰਡਿਆ ਜਾ ਰਿਹਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 3

ਕੋਰੋਨਾ ਪੋਜਟਿਵ ਕੇਸ ਦੀ ਸੂਚਨਾ ਮਿਲਦਿਆਂ ਹੀ ਜ਼ਿਲ੍ਹਾ ਪ੍ਰਸ਼ਾਸਨ ਨੇ ਸੀਲ ਕੀਤਾ ਪੂਰਾ ਪਿੰਡ, ਮਰੀਜ਼ ਨੂੰ ਆਈਸੋਲੇਸ਼ਨ ਵਾਰਡ ਚ ਕੀਤਾ ਸ਼ਿਫ਼ਟ -ਡਿਪਟੀ ਕਮਿਸ਼ਨਰ

ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਨੇ ਪੋਜਟਿਵ ਮਰੀਜ਼ ਦੇ ਸੰਪਰਕ ਕੇਸਾਂ ਨੂੰ ਲੱਭਣ ਲਈ ਸ਼ੁਰੂ ਕੀਤੀ ਸਪੈਸ਼ਲ ਮੁਹਿੰਮ

ਫਿਰੋਜ਼ਪੁਰ 17 ਅਪ੍ਰੈਲ (      ) ਪਿੰਡ ਵਾੜਾ ਭਾਈ ਕਾ ਵਿਚ ਕੋਰੋਨਾ ਪੋਜਟਿਵ ਮਰੀਜ਼ ਮਿਲਣ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਨੇ ਪੰਜਾਬ ਸਰਕਾਰ ਵੱਲੋਂ ਨਿਰਧਾਰਿਤ ਕੀਤੇ ਪ੍ਰੋਟੋਕਾਲ ਤਹਿਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਪੋਜਟਿਵ ਮਰੀਜ਼ ਨੂੰ ਸਿਵਲ ਹਸਪਤਾਲ ਦੇ ਆਈਸੋਲੇਸ਼ਨ ਵਾਰਡ ਵਿੱਚ ਸ਼ਿਫ਼ਟ ਕਰ ਦਿੱਤਾ ਹੈ ਨਾਲ ਹੀ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਹੋਮ ਕੁਆਰਨਟਾਈਨ ਕਰ ਦਿੱਤਾ ਹੈ। ਇਹ ਜਾਣਕਾਰੀ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਲੁਧਿਆਣਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫ਼ਤਰ ਨੂੰ 15 ਅਪ੍ਰੈਲ ਨੂੰ ਲਿਖਤੀ ਸੂਚਨਾ ਭੇਜੀ ਗਈ ਸੀ ਜਿਸ ਵਿੱਚ ਮਰੀਜ਼ ਦੇ ਸੰਪਰਕ ਵਿੱਚ ਆਏ ਲੋਕਾਂ ਦੀ ਤਲਾਸ਼ ਕਰਨ ਲਈ ਲਿਖਿਆ ਗਿਆ ਸੀ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਲੁਧਿਆਣਾ ਪ੍ਰਸ਼ਾਸਨ ਵੱਲੋਂ ਚਿੱਠੀ ਮਿਲਦੇ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਰੀਜ਼ ਦੇ ਸੰਪਰਕ ਵਿੱਚ ਆਏ ਲੋਕਾਂ ਨੂੰ ਲੱਭਣ ਦੀ ਮੁਹਿੰਮ ਸ਼ੁਰੂ ਕਰ ਦਿੱਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੁੱਕਰਵਾਰ ਨੂੰ ਮਰੀਜ਼ ਦੇ ਪੋਜੇਟਿਵ ਹੋਣ ਦੀ ਸੂਚਨਾ ਮਿਲੀ। ਜਿਸ ਤੋਂ ਬਾਅਦ ਤੁਰੰਤ ਪੂਰੇ ਪਿੰਡ ਨੂੰ ਸੀਲ ਕਰਕੇ ਸਰਕਾਰ ਵੱਲੋਂ ਨਿਰਧਾਰਿਤ ਪ੍ਰੋਟੋਕਾਲ ਤਹਿਤ ਮਰੀਜ਼ ਦੇ ਸੰਪਰਕ ਵਿੱਚ ਆਉਣ ਵਾਲੇ ਲੋਕਾਂ ਦੀ ਸੂਚੀ ਤਿਆਰ ਕੀਤੀ ਗਈ ਅਤੇ ਐੱਸ.ਡੀ.ਐੱਮ ਸ੍ਰੀ. ਅਮਿਤ ਗੁਪਤਾ, ਸਿਵਲ ਸਰਜਨ ਡਾ. ਨਵਦੀਪ ਸਿੰਘ ਦੀ ਅਗਵਾਈ ਹੇਠ ਪੁਲਿਸ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਖ਼ੁਦ ਪਿੰਡ ਵਿੱਚ ਬੈਠ ਕੇ ਸਾਰੀ ਕਾਰਵਾਈ ਦੀ ਨਿਗਰਾਨੀ ਕਰ ਰਹੇ ਹਨ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਖਿਲਾਫ ਚੱਲ ਰਹੀ ਲੜਾਈ ਵਿੱਚ ਉਹ ਲੋਕਾਂ ਦਾ ਸਹਿਯੋਗ ਦੇਣ ਤੇ ਆਪਣੇ ਘਰਾਂ ਵਿੱਚ ਹੀ ਰਹਿਣ ਕਿਉਂਕਿ ਸੋਸ਼ਲ ਡਿਸਟੈਂਸਿੰਗ ਦਾ ਪਾਲਨ ਕਰਕੇ ਹੀ ਅਸੀਂ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕ ਸਕਦੇ ਹਾਂ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਇਸ ਲੜਾਈ ਨੂੰ ਜਿੱਤਣਾ ਮੁਸ਼ਕਲ ਹੈ ਇਸ ਲਈ ਲੋਕ ਕਰਫ਼ਿਊ ਦਾ ਪਾਲਨ ਕਰਨ ਅਤੇ ਘਰਾਂ ਵਿੱਚ ਹੀ ਰਹਿਣ।

ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਕੋਰੋਨਾ ਪੋਜਟਿਵ ਕੇਸ ਨੂੰ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਆਈਸੋਲੇਟ ਕੀਤਾ ਗਿਆ ਹੈ। ਉਸਦੇ ਸੰਪਰਕ ਵਾਲੇ 10 ਪਰਿਵਾਕ ਮੈਂਬਰਾਂ ਨੂੰ ਘਰ ਅੰਦਰ ਇਕਾਂਤਵਾਸ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਰੋਨਾ ਟੈਸਟ ਲਈ ਸੈਂਪਲ ਵੀ ਲਏ ਗਏ ਹਨ। ਉਨ੍ਹਾ ਜ਼ਿਲਾ ਨਿਵਾਸੀਆਂ ਨੂੰ ਕਿਸੇ ਕਿਸਮ ਦੀ ਘਬਰਾਹਟ ਵਿੱਚ ਨਾ ਆਉਣ ਅਤੇ ਪ੍ਰਸ਼ਾਸ਼ਣ ਵੱਲੋਂ ਜਾਰੀ ਹਿਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ।